**ਪ੍ਰਭਾਤੀ ਮਹਲਾ ੪ ॥ ਅਗਮ ਦਇਆਲ ਕ੍ਰਿਪਾ ਪ੍ਰਭਿ ਧਾਰੀ ਮੁਖਿ ਹਰਿ ਹਰਿ ਨਾਮੁ ਹਮ ਕਹੇ ॥ ਪਤਿਤ ਪਾਵਨ ਹਰਿ ਨਾਮੁ ਧਿਆਇਓ ਸਭਿ ਕਿਲਬਿਖ ਪਾਪ ਲਹੇ ॥੧॥ ਜਪਿ ਮਨ ਰਾਮ ਨਾਮੁ ਰਵਿ ਰਹੇ ॥ ਦੀਨ ਦਇਆਲੁ ਦੁਖ ਭੰਜਨੁ ਗਾਇਓ ਗੁਰਮਤਿ ਨਾਮੁ ਪਦਾਰਥੁ ਲਹੇ ॥੧॥ ਰਹਾਉ ॥ ਕਾਇਆ ਨਗਰਿ ਨਗਰਿ ਹਰਿ ਬਸਿਓ ਮਤਿ ਗੁਰਮਤਿ ਹਰਿ ਹਰਿ ਸਹੇ ॥ ਸਰੀ ਰਿ ਸਰੋਵਰਿ ਨਾਮੁ ਹਰਿ ਪ੍ਰਗਟਿਓ ਘਰਿ ਮੰਦਰਿ ਹਰਿ ਪ੍ਰਭੁ ਲਹੇ ॥ ੨॥ ਜੋ ਨਰ ਭਰਮਿ ਭਰਮਿ ਉਦਿਆਨੇ ਤੇ ਸਾਕਤ ਮੂੜ ਮੁਹੇ ॥ ਜਿਉ ਮ੍ਰਿਗ ਨਾਭਿ ਬਸੈ ਬਾਸੁ ਬਸਨਾ ਭ੍ਰਮਿ ਭ੍ਰਮਿਓ ਝਾਰ ਗਹੇ ॥ ੩॥ ਤੁਮ ਵਡ ਅਗਮ ਅਗਾਧਿ ਬੋਧਿ ਪ੍ਰਭ ਮਤਿ ਦੇਵਹੁ ਹਰਿ ਪ੍ਰਭ ਲਹੇ ॥ ਜਨ ਨਾਨਕ ਕਉ ਗੁਰਿ ਹਾਥੁ ਸਿਰਿ ਧਰਿਓ ਹਰਿ ਰਾਮ ਨਾਮਿ ਰਵਿ ਰਹੇ ॥੪॥੪॥** {ਪੰਨਾ 1336}

ਪਦ ਅਰਥ:- ਅਗਮ—ਅਪਹੁੰਚ। ਪ੍ਰਭਿ—ਪ੍ਰਭੂ ਨੇ। ਮੁਖਿ—ਮੂੰਹ ਨਾਲ। ਹਮ—ਅਸਾਂ ਜੀਵਾਂ ਨੇ। ਕਹੇ—ਉਚਾਰਿਆ। ਪਤਿਤ—ਪਾਪਾਂ ਵਿਚ ਡਿੱਗੇ ਹੋਏ। ਪਤਿਤ ਪਾਵਨ—ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ। ਸਭਿ—ਸਾਰੇ। ਕਿਲਬਿਖ—ਪਾਪ।1।

ਜਪਿ—ਜਪਿਆ ਕਰ! ਮਨ—ਹੇ ਮਨ! ਰਵਿ ਰਹੇ—(ਜੋ ਸਭ ਥਾਈਂ) ਵਿਆਪਕ ਹੈ। ਦੁਖ ਭੰਜਨੁ—ਦੁੱਖਾਂ ਦਾ ਨਾਸ ਕਰਨ ਵਾਲਾ ਪ੍ਰਭੂ। ਪਦਾਰਥੁ—ਕੀਮਤੀ ਵਸਤ। ਲਹੇ—ਲੱਭ ਲਿਆ ਹੈ।1। ਰਹਾਉ।

ਨਗਰਿ—ਨਗਰ ਵਿਚ। ਨਗਰਿ ਨਗਰਿ—ਹਰੇਕ ਨਗਰ ਵਿਚ। ਸਹੇ—ਸਹੀ ਕੀਤਾ, ਨਿਸ਼ਚਾ ਲਿਆਂਦਾ। ਸਰੋਵਰਿ—ਸਰੋਵਰ ਵਿਚ। ਘਰਿ—(ਹਿਰਦੇ-) ਘਰ ਵਿਚ। ਮੰਦਰਿ—(ਸਰੀਰ-) ਮੰਦਰ ਵਿਚ। ਲਹੇ—ਲੱਭ ਲਿਆ।2।

ਭਰਮਿ ਭਰਮਿ—ਭਟਕ ਭਟਕ ਕੇ। ਉਦਿਆਨੇ—(ਸੰਸਾਰ-) ਜੰਗਲ ਵਿਚ। ਤੇ—ਉਹ (ਬਹੁ-ਵਚਨ)। ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ। ਮੂੜ—ਮੂਰਖ। ਮੁਹੇ—ਠੱਗੇ ਗਏ। ਮ੍ਰਿਗ ਨਾਭਿ—ਹਿਰਨ ਦੀ ਧੁੰਨੀ ਵਿਚ। ਬਾਸੁ—ਸੁਗੰਧੀ। ਬਸਨਾ—ਕਸਤੂਰੀ। ਭ੍ਰਮਿ ਭ੍ਰਮਿਓ—ਭਟਕਦਾ ਫਿਰਿਆ। ਝਾਰ—ਝਾੜੀਆਂ। ਗਹੇ—ਫੜਦਾ ਹੈ, ਢੂੰਢਦਾ ਹੈ।3।

ਅਗਾਧਿ ਬੋਧਿ—ਬੋਧ ਵਿਚ ਅਗਾਧ, ਮਨੁੱਖ ਦੀ ਸਮਝ ਤੋਂ ਪਰੇ। ਪ੍ਰਭ—ਹੇ ਪ੍ਰਭੂ! ਲਹੇ—ਲੱਭ ਸਕੀਏ। ਗੁਰਿ—ਗੁਰੂ ਨੇ। ਸਿਰਿ—ਸਿਰ ਉੱਤੇ। ਨਾਮਿ—ਨਾਮ ਵਿਚ। ਰਵਿ ਰਹੇ—ਲੀਨ ਹੋ ਗਏ।4।

ਅਰਥ:- ਹੇ (ਮੇਰੇ) ਮਨ! ਜਿਹੜਾ ਪਰਮਾਤਮਾ ਸਭ ਵਿਚ ਵਿਆਪਕ ਹੈ ਉਸ ਦਾ ਨਾਮ ਜਪਿਆ ਕਰ। ਜਿਸ ਮਨੁੱਖ ਨੇ ਦੀਨਾਂ ਉਤੇ ਦਇਆ ਕਰਨ ਵਾਲੇ ਦੁੱਖਾਂ ਦਾ ਨਾਸ ਕਰਨ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ, ਗੁਰੂ ਦੀ ਮਤਿ ਦੀ ਰਾਹੀਂ ਉਸ ਨੇ ਬਹੁ-ਮੁੱਲਾ ਹਰਿ-ਨਾਮ ਲੱਭ ਲਿਆ।1। ਰਹਾਉ।

ਹੇ ਭਾਈ! ਅਪਹੁੰਚ ਅਤੇ ਦਇਆ ਦੇ ਸੋਮੇ ਪ੍ਰਭੂ ਨੇ (ਜਦੋਂ ਅਸਾਂ ਜੀਵਾਂ ਉੱਤੇ) ਮਿਹਰ ਕੀਤੀ, ਤਾਂ ਅਸਾਂ ਮੂੰਹ ਨਾਲ ਉਸ ਦਾ ਨਾਮ ਜਪਿਆ। ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਾਪੀਆਂ ਨੂੰ ਪਵਿੱਤਰ ਕਰਨ ਵਾਲੇ ਪਰਮਾਤਮਾ ਦਾ ਨਾਮ ਸਿਮਰਿਆ, ਉਹਨਾਂ ਦੇ ਸਾਰੇ ਹੀ ਪਾਪ ਦੂਰ ਹੋ ਗਏ।1।

ਹੇ ਭਾਈ! (ਉਂਞ ਤਾਂ) ਹਰੇਕ ਸਰੀਰ-ਸ਼ਹਰ ਵਿਚ ਪਰਮਾਤਮਾ ਵੱਸਦਾ ਹੈ, ਪਰ ਗੁਰੂ ਦੀ ਮਤਿ ਦੀ ਬਰਕਤਿ ਨਾਲ ਹੀ ਇਹ ਨਿਸ਼ਚਾ ਬਣਦਾ ਹੈ। ਜਿਸ ਸਰੀਰ-ਸਰੋਵਰ ਵਿਚ ਪਰਮਾਤਮਾ ਦਾ ਨਾਮ ਪਰਗਟ ਹੁੰਦਾ ਹੈ, ਉਸ ਹਿਰਦੇ-ਘਰ ਵਿਚ ਉਸ ਹਿਰਦੇ-ਮੰਦਰ ਵਿਚ ਪਰਮਾਤਮਾ ਲੱਭ ਪੈਂਦਾ ਹੈ।2।

ਪਰ, ਹੇ ਭਾਈ! ਜਿਹੜੇ ਮਨੁੱਖ (ਮਾਇਆ ਦੀ ਖ਼ਾਤਰ ਹੀ ਇਸ ਸੰਸਾਰ) ਜੰਗਲ ਵਿਚ ਭਟਕ ਕੇ (ਉਮਰ ਗੁਜ਼ਾਰਦੇ

ਹਨ) ਉਹ ਮਨੁੱਖ ਪਰਮਾਤਮਾ ਨਾਲੋਂ ਟੁੱਟੇ ਰਹਿੰਦੇ ਹਨ, (ਉਹ ਆਪਣਾ ਆਤਮਕ ਜੀਵਨ) ਲੁਟਾ ਬੈਠਦੇ ਹਨ; ਜਿਵੇਂ ਕਸਤੂਰੀ ਦੀ ਸੁਗੰਧੀ (ਤਾਂ) ਹਿਰਨ ਦੀ ਧੁੰਨੀ ਵਿਚ ਵੱਸਦੀ ਹੈ, ਪਰ ਉਹ (ਬਾਹਰ ਭਟਕ ਭਟਕ ਕੇ ਝਾੜੀਆਂ ਸੁੰਘਦਾ ਫਿਰਦਾ ਹੈ।3।

ਹੇ ਹਰੀ! ਹੇ ਪ੍ਰਭੂ! ਤੂੰ ਬਹੁਤ ਅਪਹੁੰਚ ਹੈਂ, ਤੂੰ ਜੀਵਾਂ ਦੀ ਸਮਝ ਤੋਂ ਪਰੇ ਹੈਂ। ਜੇ ਤੂੰ ਆਪ ਹੀ ਅਕਲ ਬਖ਼ਸ਼ੇਂ, ਤਾਂ ਹੀ ਤੈਨੂੰ ਜੀਵ ਮਿਲ ਸਕਦੇ ਹਨ। ਹੇ ਨਾਨਕ! ਜਿਸ ਸੇਵਕ ਦੇ ਸਿਰ ਉੱਤੇ ਗੁਰੂ ਨੇ (ਆਪਣਾ ਮਿਹਰ-ਭਰਿਆ) ਹੱਥ ਰੱਖਿਆ ਉਹ ਮਨੁੱਖ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ।4। 4।